# ਸਲੋਕ ਮਹਲਾ ੯

ੴ ਸਤਿਗੁਰ ਪ੍ਰਸਾਦਿ ॥

ਸਲੋਕ ਮਹਲਾ ੯ ॥

ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥ ਕੀਨ ॥ ਕਹੁ ਨਾਨਕ ਹਰਿ ਭਜੁ ਮਨਾ ਜਿਹ ਬਿਧਿ ਜਲ ਕਉ ਮੀਨ ॥ ੧ ॥ ਬਿਖਿਅਨ ਸਿਉ ਕਾਹੇ ਰਚਿਓ ਨਿਮਖ ਨ ਹੋਹਿ ਉਦਾਸੁ ॥ ਕਹੁ ਨਾਨਕ ਭਜੁ ਹਰਿ ਮਨਾ ਪਰੈ ਨ ਜਮ ਕੀ ਫਾਸ ॥ ੨ ॥ ਤਰਨਾਪੋ ਇਉ ਹੀ ਗਇਓ ਲੀਓ ਜਰਾ ਤਨੁ ਜੀਤਿ ॥ ਕਹੁ ਨਾਨਕ ਭਜੁ ਹਰਿ

ਮਨਾ ਅਉਧ ਜਾਤੁ ਹੈ ਬੀਤਿ॥ ੩॥ ਬਿਰਧ ਭਇਓ ਸੂਝੈ ਨਹੀ ਕਾਲੁ ਪਹੂਚਿਓ ਆਨ॥ ਕਹੁ ਨਾਨਕ ਨਰ ਬਾਵਰੇ ਕਿਉ ਨ ਭਜੈ ਭਗਵਾਨ॥ ੪॥ ਧਨੁ ਦਾਰਾ ਸੰਪਤਿ ਸਗਲ ਜਿਨਿ ਅਪੁਨੀ ਕਰਿ ਮਾਨਿ॥ ਇਨ ਮੈ ਕਛੁ ਸੰਗੀ ਨਹੀ ਨਾਨਕ ਸਾਚੀ ਜਾਨਿ॥ ੫॥ ਪਤਿਤ ਉਧਾਰਨ ਭੈ ਹਰਨ ਹਰਿ ਅਨਾਥ ਕੇ ਨਾਥ॥ ਕਹੁ ਨਾਨਕ ਤਿਹ ਜਾਨੀਐ ਸਦਾ ਬਸਤੁ ਤੁਮ ਸਾਥ॥ ੬॥ ਤਨੁ ਧਨੁ ਜਿਹ ਤੋਕਉ ਦੀਓ ਤਾਂ ਸਿਉ ਨੇਹੁ ਨ ਕੀਨ॥ ਕਹੁ ਨਾਨਕ ਨਰ ਬਾਵਰੇ ਅਬ ਕਿਉ ਡੋਲਤ ਦੀਨ॥ ੭॥ ਤਨੁ ਧਨੁ ਸੰਪੈ ਸੁਖ ਦੀਓ ਅਰੁ ਜਿਹ ਨੀਕੇ ਧਾਮ॥ ਕਹੁ ਨਾਨਕ ਸੁਨੁ ਰੇ ਮਨਾ ਸਿਮਰਤ ਕਾਹਿ ਨ ਰਾਮ॥ ੮॥ ਸਭ ਸੁਖ ਦਾਤਾ ਰਾਮੁ ਹੈ ਦੂਸਰ ਨਾਹਿਨ ਕੋਇ॥ ਕਹੁ ਨਾਨਕ ਸੁਨਿ ਰੇ ਮਨਾ ਤਿਹ ਸਿਮਰਤ ਗਤਿ ਹੋਇ॥ ੯॥ ਜਿਹ ਸਿਮਰਤ ਗਤਿ ਪਾਈਐ ਤਿਹਿ ਭਜੁ ਰੇ ਤੈ ਮੀਤ॥

ਕਹੁ ਨਾਨਕ ਸੁਨੁ ਰੇ ਮਨਾ ਅਉਧ ਘਟਤ ਹੈ ਨੀਤ॥ ੧੦॥ ਪਾਂਚ ਤਤ ਕੋ ਤਨੁ ਰਚਿਓ ਜਾਨਹੁ ਚਤੁਰ ਸੁਜਾਨ॥ ਜਿਹ ਤੇ ਉਪਜਿਓ ਨਾਨਕਾ ਲੀਨ ਤਾਹਿ ਮੈ ਮਾਨ॥ ੧੧॥ ਘਟਿ ਘਟਿ ਮੈ ਹਰਿ ਜੂ ਬਸੈ ਸੰਤਨ ਕਹਿਓ ਪੁਕਾਰਿ॥ ਕਹੁ ਨਾਨਕ ਤਿਹ ਭਜੁ ਮਨਾ ਭਉ ਨਿਧਿ ਉਤਰਹਿ ਪਾਰਿ॥ ੧੨॥ ਸੁਖੁ ਦੁਖੁ ਜਿਹ ਪਰਸੈ ਨਹੀ ਲੋਭ ਮੋਹ ਅਭਿਮਾਨੁ॥ ਕਹੁ ਨਾਨਕ ਸੁਨ ਰੇ ਮਨਾ ਸੋ ਮੂਰਤ ਭਗਵਾਨ॥ ੧੩॥ ਉਸਤਤਿ ਨਿੰਦਿਆ ਨਾਹਿ ਜਿਹਿ ਕੰਚਨ ਲੋਹ ਸਮਾਨਿ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ॥ ੧੪॥ ਹਰਖੁ ਸੋਗ ਜਾ ਕੈ ਨਹੀ ਬੈਰੀ ਮੀਤ ਸਮਾਨ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨ॥ ੧੫॥ ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨਿ॥ ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ॥ ੧੬॥ ਜਿਹਿ ਬਿਖਿਆ ਸਗਲੀ

ਤਜੀ ਲੀਓ ਭੇਖ ਬੈਰਾਗ॥ ਕਹੁ ਨਾਨਕ ਸੁਨ ਰੇ ਮਨਾ ਤਿਹ ਨਰ ਮਾਥੈ ਭਾਗ॥੧੭॥ ਜਿਹਿ ਮਾਇਆ ਮਮਤਾ ਤਜੀ ਸਭ ਤੇ ਭਇਓ ਉਦਾਸ॥ ਕਹੁ ਨਾਨਕ ਸੁਨ ਰੇ ਮਨਾ ਤਿਹ ਘਟਿ ਬ੍ਰਹਮ ਨਿਵਾਸੁ॥੧੮॥ ਜਿਹਿ ਪ੍ਰਾਨੀ ਹਉਮੈ ਤਜੀ ਕਰਤਾ ਰਾਮ ਪਛਾਨ॥ ਕਹੁ ਨਾਨਕ ਵਹੁ ਮੁਕਤਿ ਨਰੁ ਇਹ ਮਨ ਸਾਚੀ ਮਾਨ॥ ੧੯॥ ਭੈ ਨਾਸਨ ਦੁਰਮਤਿ ਹਰਨ ਕਲਿ ਮੈ ਹਰਿ ਕੋ ਨਾਮ॥ ਨਿਸ ਦਿਨਿ ਜੋ ਨਾਨਕ ਭਜੈ ਸਫਲ ਹੋਹਿ ਤਿਹ ਕਾਮ॥੨੦॥ ਜਿਹਬਾ ਗੁਨ ਗੋਬਿੰਦ ਭਜਹੁ ਕਰਨ ਸੁਨਹੁ ਹਰਿ ਨਾਮ॥ ਕਹੁ ਨਾਨਕ ਸੁਨ ਰੇ ਮਨਾ ਪਰਹਿ ਨ ਜਮ ਕੈ ਧਾਮ॥ ੨੧॥ ਜੋ ਪ੍ਰਾਨੀ ਮਮਤਾ ਤਜੈ ਲੋਭ ਮੋਹ ਅਹੰਕਾਰ॥ ਕਹੁ ਨਾਨਕ ਆਪਨ ਤਰੈ ਅਉਰਨ ਲੇਤ ਉਧਾਰ॥੨੨॥ ਜਿਉ ਸੁਪਨਾ ਅਰੁ ਪੇਖਨਾ ਐਸੇ ਜਗ ਕਉ ਜਾਨਿ॥ ਇਨ ਮੈ ਕਛੁ ਸਾਚੋ ਨਹੀ ਨਾਨਕ ਬਿਨੁ ਭਗਵਾਨ॥੨੩॥

ਨਿਸਿ ਦਿਨਿ ਮਾਇਆ ਕਾਰਨੇ ਪ੍ਰਾਨੀ ਡੋਲਤ ਨੀਤ॥ ਕੋਟਨ ਮੈ ਨਾਨਕ ਕੋਊ ਨਾਰਾਇਨ ਜਿਹ ਚੀਤਿ॥ ੨੪॥ ਜੈਸੇ ਜਲ ਤੇ ਬੁਦਬੁਦਾ ਉਪਜੈ ਬਿਨਸੈ ਨੀਤ॥ ਜਗ ਰਚਨਾ ਤੈਸੇ ਰਚੀ ਕਹੁ ਨਾਨਕ ਸੁਨ ਮੀਤ॥ ੨੫॥ ਪ੍ਰਾਨੀ ਕਛੂ ਨ ਚੇਤਈ ਮਦਿ ਮਾਇਆ ਕੈ ਅੰਧ॥ ਕਹੁ ਨਾਨਕ ਬਿਨੁ ਹਰਿ ਭਜਨ ਪਰਤ ਤਾਹਿ ਜਮ ਫੰਧ॥ ੨੬॥ ਜਉ ਸੁਖ ਕਉ ਚਾਹੈ ਸਦਾ ਸਰਨਿ ਰਾਮ ਕੀ ਲੇਹ॥ ਕਹੁ ਨਾਨਕ ਸੁਨ ਰੇ ਮਨਾ ਦੁਰਲਭ ਮਾਨੁਖ ਦੇਹ॥ ੨੭॥ ਮਾਇਆ ਕਾਰਨਿ ਧਾਵਹੀ ਮੂਰਖ ਲੋਗ ਅਜਾਨ॥ ਕਹੁ ਨਾਨਕ ਬਿਨੁ ਹਰਿ ਭਜਨਿ ਬਿਰਥਾ ਜਨਮੁ ਸਿਰਾਨ॥ ੨੮॥ ਜੋ ਪ੍ਰਾਨੀ ਨਿਸਿ ਦਿਨਿ ਭਜੈ ਰੂਪ ਰਾਮ ਤਿਹ ਜਾਨੁ॥ ਹਰਿ ਜਨ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ॥ ੨੯॥ ਮਨੁ ਮਾਇਆ ਮੈ ਫਧਿ ਰਹਿਓ ਬਿਸਰਿਓ ਗੋਬਿੰਦ ਨਾਮ॥ ਕਹੁ ਨਾਨਕ ਬਿਨੁ ਹਰਿ ਭਜਨ ਜੀਵਨ ਕਉਨੇ

ਕਾਮ॥ ੩੦॥ ਪ੍ਰਾਨੀ ਰਾਮ ਨ ਚੇਤਈ ਮਦ ਮਾਇਆ ਕੈ ਅੰਧ॥ ਕਹੁ ਨਾਨਕ
ਹਰਿ ਭਜਨ ਬਿਨੁ ਪਰਤ ਤਾਹਿ ਜਮ ਫੰਧ॥ ੩੧॥ ਸੁਖ ਮੈ ਬਹੁ ਸੰਗੀ ਭਏ ਦੁਖ
ਮੈ ਸੰਗਿ ਨ ਕੋਇ॥ ਕਹੁ ਨਾਨਕ ਹਰਿ ਭਜੁ ਮਨਾ ਅੰਤਿ ਸਹਾਈ ਹੋਇ॥ ੩੨॥
ਜਨਮ ਜਨਮ ਭਰਮਤ ਫਿਰਿਓ ਮਿਟਿਓ ਨ ਜਮ ਕੋ ਤ੍ਰਾਸੁ॥ ਕਹੁ ਨਾਨਕ ਹਰਿ
ਭਜੁ ਮਨਾ ਨਿਰਭੈ ਪਾਵਹਿ ਬਾਸੁ॥ ੩੩॥ ਜਤਨ ਬਹੁਤੁ ਮੈ ਕਰਿ ਰਹਿਓ
ਮਿਟਿਓ ਨ ਮਨ ਕੋ ਮਾਨੁ॥ ਦੁਰਮਤਿ ਸਿਉ ਨਾਨਕ ਫਧਿਓ ਰਾਖਿ ਲੇਹੁ
ਭਗਵਾਨਿ॥ ੩੪॥ ਬਾਲ ਜੁਆਨੀ ਅਰੁ ਬਿਰਧ ਫੁਨਿ ਤੀਨਿ ਅਵਸਥਾ
ਜਾਨਿ॥ ਕਹੁ ਨਾਨਕ ਹਰਿ ਭਜਨ ਬਿਨੁ ਬਿਰਥਾ ਸਭ ਹੀ ਮਾਨ॥ ੩੫॥ ਕਰਣੋ
ਹੁਤੋ ਸੁ ਨਾ ਕੀਓ ਪਰਿਓ ਲੋਭ ਕੈ ਫੰਧ॥ ਨਾਨਕ ਸਮਿਓ ਰਮਿ ਗਇਓ ਅਬ
ਕਿਉ ਰੋਵਤ ਅੰਧ॥ ੩੬॥ ਮਨੁ ਮਾਇਆ ਮੈ ਰਮਿ ਰਹਿਓ ਨਿਕਸਤ ਨਾਹਿਨਿ

ਮੀਤ॥ ਨਾਨਕ ਮੂਰਤਿ ਚਿਤ੍ਰ ਜਿਉ ਛਾਡਿਤ ਨਾਹਨਿ ਭੀਤ॥ ੩੭॥ ਨਰ ਚਾਹਤ ਕਛੁ ਅਉਰ ਅਉਰੈ ਕੀ ਅਉਰੈ ਭਈ॥ ਚਿਤਵਤ ਰਹਿਓ ਠਗਉਰ ਨਾਨਕ ਫਾਸੀ ਗਲਿ ਪਰੀ॥ ੩੮॥ ਜਤਨ ਬਹੁਤ ਸੁਖ ਕੇ ਕੀਏ ਦੁਖ ਕੋ ਕੀਓ ਨ ਕੋਇ॥ ਕਹੁ ਨਾਨਕ ਸੁਨ ਰੇ ਮਨਾ ਹਰਿ ਭਾਵੈ ਸੋ ਹੋਇ॥ ੩੯॥ ਜਗਤੁ ਭਿਖਾਰੀ ਫਿਰਤੁ ਹੈ ਸਭ ਕੋ ਦਾਤਾ ਰਾਮ॥ ਕਹੁ ਨਾਨਕ ਮਨ ਸਿਮਰੁ ਤਿਹ ਪੂਰਨ ਹੋਵਹਿ ਕਾਮ॥ ੪੦॥ ਝੂਠੈ ਮਾਨੁ ਕਹਾ ਕਰੈ ਜਗੁ ਸੁਪਨੇ ਜਿਉ ਜਾਨ॥ ਇਨ ਮੈ ਕਛੁ ਤੇਰੋ ਨਹੀ ਨਾਨਕ ਕਹਿਓ ਬਖਾਨ॥ ੪੧॥ ਗਰਬੁ ਕਰਤੁ ਹੈ ਦੇਹ ਕੋ ਬਿਨਸੈ ਛਿਨ ਮੈ ਮੀਤਿ॥ ਜਿਹਿ ਪ੍ਰਾਨੀ ਹਰਿ ਜਸੁ ਕਹਿਓ ਨਾਨਕ ਤਿਹਿ ਜਗੁ ਜੀਤਿ॥ ੪੨॥ ਜਿਹ ਘਟਿ ਸਿਮਰਨੁ ਰਾਮ ਕੋ ਸੋ ਨਰੁ ਮੁਕਤਾ ਜਾਨੁ॥ ਤਿਹਿ ਨਰ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ॥ ੪੩॥ ਏਕ ਭਗਤਿ

ਭਗਵਾਨ ਜਿਹ ਪ੍ਰਾਨੀ ਕੈ ਨਾਹਿ ਮਨ॥ ਜੈਸੇ ਸੂਕਰ ਸੁਆਨ ਨਾਨਕ ਮਾਨੋ ਤਾਹਿ ਤਨ॥ ੪੪॥ ਸੁਆਮੀ ਕੋ ਗ੍ਰਿਹੁ ਜਿਉ ਸਦਾ ਸੁਆਨ ਤਜਤ ਨਹੀ ਨਿਤ॥ ਨਾਨਕ ਇਹ ਬਿਧਿ ਹਰਿ ਭਜਉ ਇਕ ਮਨ ਹੁਇ ਇਕਿ ਚਿਤ॥ ੪੫॥ ਤੀਰਥ ਬਰਤ ਅਰੁ ਦਾਨ ਕਰਿ ਮਨ ਮੈ ਧਰੈ ਗੁਮਾਨੁ॥ ਨਾਨਕ ਨਿਹਫਲ ਜਾਤ ਤਿਹਿ ਜਿਉ ਕੁੰਚਰ ਇਸਨਾਨੁ॥ ੪੬॥ ਸਿਰੁ ਕੰਪਿਓ ਪਗ ਡਗਮਗੈ ਨੈਨ ਜੋਤਿ ਤੇ ਹੀਨ॥ ਕਹੁ ਨਾਨਕ ਇਹ ਬਿਧਿ ਭਈ ਤਊ ਨ ਹਰਿ ਰਸ ਲੀਨ॥ ੪੭॥ ਨਿਜ ਕਰਿ ਦੇਖਿਓ ਜਗਤੁ ਮੈ ਕੋ ਕਾਹੂ ਕੋ ਨਾਹਿ॥ ਨਾਨਕ ਥਿਰੁ ਹਰਿ ਭਗਤਿ ਹੈ ਤਿਹ ਰਾਖੋ ਮਨ ਮਾਹਿ॥ ੪੮॥ ਜਗ ਰਚਨਾ ਸਭ ਝੂਠ ਹੈ ਜਾਨਿ ਲੇਹੁ ਰੇ ਮੀਤ॥ ਕਹਿ ਨਾਨਕ ਥਿਰੁ ਨਾ ਰਹੈ ਜਿਉ ਬਾਲੂ ਕੀ ਭੀਤ॥ ੪੯॥ ਰਾਮੁ ਗਇਓ ਰਾਵਨੁ ਗਇਓ ਜਾਕਉ ਬਹੁ ਪਰਵਾਰ॥ ਕਹੁ

ਨਾਨਕ ਥਿਰੁ ਕਛੁ ਨਹੀ ਸੁਪਨੇ ਜਿਉ ਸੰਸਾਰਿ॥ ੫੦॥ ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ॥ ਇਹ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ॥ ੫੧॥ ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲਿ॥ ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ॥ ੫੨॥ ਦੋਹਰਾ॥ ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ॥ ਕਹੁ ਨਾਨਕ ਅਬ ਓਟ ਹਰਿ ਗਜ ਜਿਉ ਹੋਹੁ ਸਹਾਇ॥ ੫੩॥ ਬਲੁ ਹੋਆ ਬੰਧਨ ਛੁਟੇ ਸਭੁ ਕਿਛੁ ਹੋਤ ਉਪਾਇ॥ ਨਾਨਕ ਸਭੁ ਕਿਛੁ ਤੁਮਰੈ ਹਾਥ ਮੈ ਤੁਮ ਹੀ ਹੋਤ ਸਹਾਇ॥ ੫੪॥ ਸੰਗ ਸਖਾ ਸਭਿ ਤਜਿ ਗਏ ਕੋਊ ਨ ਨਿਬਹਿਓ ਸਾਥਿ॥ ਕਹੁ ਨਾਨਕ ਇਹ ਬਿਪਤਿ ਮੈ ਟੇਕ ਏਕ ਰਘੁਨਾਥ॥ ੫੫॥ ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰੁ ਗੋਬਿੰਦੁ॥ ਕਹੁ ਨਾਨਕ ਇਹ ਜਗਤ ਮੈ ਕਿਨ ਜਪਿਓ ਗੁਰ ਮੰਤੁ॥ ੫੬॥ ਰਾਮ ਨਾਮੁ ਉਰ ਮੈ

ਗਹਿਓ ਜਾ ਕੈ ਸਮ ਨਹੀ ਕੋਇ॥ ਜਿਹ ਸਿਮਰਤ ਸੰਕਟ ਮਿਟੈ ਦਰਸੁ ਤੁਹਾਰੋ ਹੋਇ॥ ੫੭॥ ੧॥

(੧੪੨੬-੨੯)